ਮੁੱਖ ਮੰਤਰੀ ਵੱਲੋਂ ਪਿੰਡ ਵਾਸੀਆਂ ਨੂੰ ਵਿਕਾਸ ਲਈ ਪੰਚਾਇਤਾਂ ਦੀ ਚੋਣ ਸਰਬਸੰਮਤੀ ਨਾਲ ਕਰਨ ਦੀ ਅਪੀਲ

ਆਜ਼ਾਦ ਸੋਚ,
ਗੁਰਪ੍ਰੀਤ ਸਿੰਘ ਖਾਲਸਾ,
ਲੌਂਗੋਵਾਲ,3 ਅਕਤੂਬਰ :

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋਕਾਂ ਨੂੰ ਆਗਾਮੀ ਪੰਚਾਇਤੀ ਚੋਣਾਂ ਦੌਰਾਨ ਪੈਸੇ ਅਤੇ ਤਾਕਤ ਦੀ ਵਰਤੋਂ ਕਰਨ ਵਾਲਿਆਂ ਨੂੰ ਪੂਰੀ ਤਰ੍ਹਾਂ ਨਕਾਰਨ ਦਾ ਸੱਦਾ

ਦਿੱਤਾ ਹੈ। ਆਪਣੇ ਪਿੰਡ ਦੇ ਦੌਰੇ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤੀ ਚੋਣਾਂ ਦੇਸ਼ ਵਿੱਚ ਜਮਹੂਰੀ ਪ੍ਰਣਾਲੀ ਦਾ ਆਧਾਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਦਾ ਮਕਸਦ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਲੋਕਤੰਤਰ ਦਾ ਹਿੱਸਾ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਲੋਕ ਪੰਚਾਇਤਾਂ ਵਿੱਚ ਚੁਣੇ ਜਾਣ ਵਾਲੇ ਉਮੀਦਵਾਰਾਂ ਬਾਰੇ ਸਰਬਸੰਮਤੀ ਬਣਾਉਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਨ੍ਹਾਂ ਚੋਣਾਂ ਵਿੱਚ ਪੈਸੇ ਅਤੇ ਤਾਕਤ ਦੀ ਵਰਤੋਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਤਾਂ ਜੋ ਉਹ ਜਮਹੂਰੀ ਪ੍ਰਕਿਰਿਆ ਦਾ ਅਨਿੱਖੜਵਾਂ ਅੰਗ ਬਣਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੂਬੇ ਭਰ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ ਵਿੱਚ ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਮਜ਼ਬੂਤ ??ਕਰਨ ਵਿੱਚ ਸਹਾਈ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਪੰਚਾਇਤੀ ਚੋਣਾਂ ਬਿਨਾਂ ਪਾਰਟੀ ਚੋਣ ਨਿਸ਼ਾਨਾਂ ਤੋਂ ਲੜੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਹੋਵੇਗੀ ਅਤੇ ਪੇਂਡੂ ਖੇਤਰ ਦਾ ਸਰਵਪੱਖੀ ਵਿਕਾਸ ਯਕੀਨੀ ਬਣੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਡੇਰੇ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਉਮੀਦਵਾਰਾਂ ਨੂੰ ਪਾਰਟੀ ਦੇ ਚੋਣ ਨਿਸ਼ਾਨਾਂ 'ਤੇ ਚੋਣ ਲੜਨ ਤੋਂ ਰੋਕਣ ਦਾ ਵੱਡਾ ਫੈਸਲਾ ਲਿਆ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਜਿਹੜਾ ਵੀ ਪਿੰਡ ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕਰੇਗਾ, ਉਸ ਪਿੰਡ ਨੂੰ ਸਟੇਡੀਅਮ, ਸਕੂਲ ਜਾਂ ਹਸਪਤਾਲ ਸਮੇਤ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਪੰਚਾਇਤ ਸਰਬਸੰਮਤੀ ਨਾਲ ਚੁਣ ਕੇ ਸੂਬੇ ਵਿੱਚ ਮਿਸਾਲ ਕਾਇਮ ਕਰਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣੇ ਜੱਦੀ ਪਿੰਡ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਗੇ ਵੀ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੋਵੇਗੀ ਅਤੇ ਇਹ ਸੂਬੇ ਦਾ ਮਾਡਲ ਪਿੰਡ ਬਣ ਕੇ ਉਭਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਚਾਇਤੀ ਰਾਜ ਪ੍ਰਣਾਲੀ ਨੂੰ ਮਜ਼ਬੂਤ ??ਕਰਨਾ ਚਾਹੁੰਦੀ ਹੈ, ਜਿਸ ਲਈ ਸੁਝਵਾਨ ਅਤੇ ਇਮਾਨਦਾਰ ਲੋਕਾਂ ਦੀ ਚੋਣ ਕੀਤੀ ਜਾਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਸੂਬਾ ਸਰਕਾਰ ਦੇ ਇਨ੍ਹਾਂ ਯਤਨਾਂ ਦੇ ਵਧੀਆ ਨਤੀਜੇ ਸਾਹਮਣੇ ਆਉਣਗੇ ਅਤੇ ਲੋਕਾਂ ਨੂੰ ਇਸ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਸੂਬੇ ਭਰ ਦੇ ਪਿੰਡਾਂ ਨੂੰ ਵਿਕਾਸ ਲਈ ਵੱਧ ਤੋਂ ਵੱਧ ਫੰਡ ਦੇ ਕੇ ਨਵਾਂ ਰੂਪ ਦਿੱਤਾ ਜਾਵੇਗਾ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਕਈ ਪਿੰਡਾਂ ਵਿੱਚ ਪਹਿਲਾਂ ਹੀ ਸਰਬਸੰਮਤੀ ਨਾਲ ਪੰਚਾਇਤਾਂ ਚੁਣੀਆਂ ਗਈਆਂ ਹਨ ਅਤੇ ਹੋਰ ਪਿੰਡਾਂ ਵਿੱਚ ਵੀ ਇਸ ਅਮਲ ਨੂੰ ਦੁਹਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਚਾਇਤਾਂ ਸਿਹਤਮੰਦ ਲੋਕਤੰਤਰ ਦੀ ਨੀਂਹ ਹਨ ਅਤੇ ਸੂਬਾ ਸਰਕਾਰ ਸ਼ਾਂਤੀਪੂਰਵਕ ਚੋਣਾਂ ਕਰਵਾਉਣ ਲਈ ਹਰ ਹੀਲਾ ਵਰਤੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੀ ਮੁਕੰਮਲ ਕਾਇਆ-ਕਲਪ ਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਕੰਮ ਤੋਂ ਵਾਂਝੇ ਕਰਨ ਵਾਲਾ ਕੋਈ ਵੀ ਕੇਂਦਰੀ ਕਾਨੂੰਨ ਸੂਬੇ ਵਿੱਚ ਲਾਗੂ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਲਈ ਹਰ ਚਾਰਾਜੋਈ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕਿਸੇ ਨੂੰ ਵੀ ਸੂਬੇ ਅਤੇ ਇੱਥੋਂ ਦੇ ਲੋਕਾਂ ਦੇ ਹਿੱਤਾਂ ਨਾਲ ਖਿਲਵਾੜ ਨਹੀਂ ਕਰਨ ਦੇਵੇਗੀ।

ਐਕਸਾਈਜ਼ ਵਿਭਾਗ ਵੱਲੋਂ ਧੂਰੀ ਅੰਦਰ ਸ਼ਰਾਬ ਦੇ ਠੇਕਿਆਂ ਦੀ ਕੀਤੀ ਚੈਕਿੰਗ

ਆਜ਼ਾਦ ਸੋਚ,
ਵਰਮਾ,
ਧੂਰੀ, 3 ਅਕਤੂਬਰ :

ਅਰਪਿੰਦਰ ਰੰਧਾਵਾ ਐਕਸਾਈਜ਼ ਅਫਸਰ ਸੰਗਰੂਰ, ਸਤਿਗੁਰੂ ਸਿੰਘ ਐਕਸਾਈਜ਼ ਇੰਸਪੈਕਟਰ, ਦਲਜੀਤ ਸਿੰਘ ਐਕਸਾਈਜ਼ ਇੰਸਪੈਕਟਰ, ਤੇ ਪੁਲਿਸ ਅਮਲਾ ਵੱਲੋਂ 2 ਅਕਤੂਬਰ ਦੇ ਮੱਦੇਨਜ਼ਰ ਧੂਰੀ ਸ਼ਹਿਰ ਅੰਦਰ ਪੈਂਦੇ ਸ਼ਰਾਬ ਦੇ ਠੇਕਿਆਂ ਦੀ ਅਚਨਚੇਤ ਚੈਕਿੰਗ ਕੀਤੀ। ਇਸ ਮੌਕੇ ਅਧਿਕਾਰੀਆਂ ਨੇ ਕਿਹਾ ਧੂਰੀ ਸ਼ਹਿਰ ਅੰਦਰ ਕੁਝ ਵੀ ਗਲਤ ਨਹੀਂ ਪਾਇਆ ਗਿਆ ਸਾਰੀਆਂ ਸ਼ਰਾਬ ਦੀਆਂ ਦੁਕਾਨਾਂ ਸਰਕਾਰੀ ਹੁਕਮਾਂ ਅਨੁਸਾਰ ਬੰਦ ਹਨ ਤੇ ਮਿੱਥੇ ਸਮੇਂ ਤੇ ਹੀ ਖੁਲਣ ਗਿਆ ਅਗਰ ਕਿਸੇ ਵੀ ਸ਼ਰਾਬ ਠੇਕੇਦਾਰ ਨੇ ਕਾਨੂੰਨ ਦੀ ਉਲੰਘਣਾ ਕੀਤੀ ਤਾਂ ਉਸ ਵਿਰੁੱਧ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਾਦਿਕ ਵਿਖੇ ਮਹਾਰਾਜਾ ਅਗਰਸੈਨ ਜੀ ਦਾ ਜਨਮ ਦਿਹਾੜਾ ਮਨਾਇਆ

ਆਜ਼ਾਦ ਸੋਚ,
ਗੁਲਜ਼ਾਰ ਮਦੀਨਾ,
ਸਾਦਿਕ, 3 ਅਕਤੂਬਰ :

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅਗਰਵਾਲ ਸਭਾ ਸਾਦਿਕ ਵੱਲੋਂ ਮਹਾਰਾਜਾ ਅਗਰਸੈਨ ਜੀ ਦਾ ਜਨਮ ਦਿਹਾੜਾ ਸਾਦਿਕ ਦੇ ਦੁਰਗਾ ਮੰਦਰ ਵਿਖੇ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਸੰਗਤਾਂ ਨੇ ਵੱਡੀ ਗਿਣਤੀ 'ਚ ਸਮੂਲੀਅਤ ਕੀਤੀ। ਸ਼ੁਰੂਆਤ 'ਚ ਆਰਤੀ ਕਰਨ ਉਪਰੰਤ ਭੋਗ ਲਗਾਇਆ ਗਿਆ ਤੇ ਸੰਗਤਾਂ ਲਈ ਚਾਹ ਤੇ ਸਮੋਸਿਆਂ ਦਾ ਲੰਗਰ ਲਗਾਇਆ ਗਿਆ। ਆਈ ਹੋਈ ਸਮੂਹ ਸੰਗਤ ਨੂੰ ਰਾਜ ਕੁਮਾਰ ਮਰਾੜ੍ਹ ਵੱਲੋਂ ਜੀ ਆਇਆਂ ਆਖਿਆ ਅਤੇ ਮਹਾਰਾਜਾ ਅਗਰਸੈਨ ਜੀ ਦੀ ਜੀਵਨੀ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਗਿਆ। ਅੰਤ ਵਿੱਚ ਸਾਦਿਕ ਦੇ ਪਤਵੰਤੇ ਸੱਜਣ ਅਤੇ ਪੱਤਰਕਾਰ ਭਾਈਚਾਰੇ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ੍ਹ ਦੇ ਕਿ ਸਨਮਾਨ ਕੀਤਾ ਗਿਆ।

ਇਸ ਮੌਕੇ ਸੁਰਿੰਦਰ ਕੁਮਾਰ ਸੇਠੀ ਪ੍ਰਧਾਨ ਵਪਾਰ ਮੰਡਲ ਸਾਦਿਕ, ਸੁਰਿੰਦਰ ਕੁਮਾਰ ਛਿੰਦਾ, ਰਿਸ਼ੂ ਅੱਗਰਵਾਲ, ਲੇਖਰਾਜ ਮਿੱਤਲ, ਗੁਰਸੇਵਕ ਸ਼ਰਮਾ, ਭੋਲੂ ਵੀਰੇਵਾਲਾ, ਗੁਰਪ੍ਰੀਤ ਕੁਮਾਰ ਗੋਰਾ, ਬਿੱਟੂ ਮੌਂਗਾ, ਪਰਵੀਨ ਪਸਰੀਚਾ, ਵਿੱਕੀ ਬਾਂਸਲ, ਡਾ. ਦੀਸਾ ਸਿੰਘ ਸਾਦਿਕ, ਡਾ. ਨਿਰਮਲ ਸਿੰਘ, ਪਰਵੀਨ ਬਾਂਸਲ, ਚਰਨਜੀਤ ਨਰੂਲਾ ਬਰਾਂਚ ਮੁੱਖੀ ਨਿਰੰਕਾਰ ਭਵਨ ਸਾਦਿਕ, ਕਾਲਾ ਕਰਿਆਨਾ ਸਟੋਰ, ਪੰਡਤ ਸ਼ਤੀਸ ਕੁਮਾਰ, ਕਮਲ ਜ਼ਿਊਲਰਜ਼ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

ਕਾਰਜਕਾਰੀ ਮੈਜਿਸਟਰੇਟ ਹਰੀਸ ਕੁਮਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਦੀ ਨਾੜ ਨੂੰ ਅੱਗ ਨਾ ਲਾਉਣ ਦੀ ਅਪੀਲ

ਆਜ਼ਾਦ ਸੋਚ,
ਡਾਗ ਸਿੰਘ ਅੰਟਾਲ,
ਅਭਿਸ਼ੇਕ ਸੂਦ,
ਘਨੌਰ, 3 ਅਕਤੂਬਰ :

ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸਬ ਤਹਿਸੀਲ ਘਨੌਰ ਅਧੀਨ ਪਿੰਡਾਂ ਵਿੱਚ ਪਰਾਲੀ ਦੀ ਨਾੜ ਨੂੰ ਅੱਗ ਲਾਉਣ ਤੋਂ ਰੋਕਣ ਸਬੰਧੀ ਅਤੇ ਪਰਾਲੀ ਦੀ ਨਾੜ ਸਾੜਣ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕੀਤਾ। ਕਾਰਜਕਾਰੀ ਮੈਜਿਸਟਰੇਟ ਘਨੌਰ ਹਰੀਸ ਕੁਮਾਰ ਨੇ ਕਿਹਾ ਕਿ ਜੇਕਰ ਕੋਈ ਵੀ ਕਿਸਾਨ ਪਰਾਲੀ ਦੀ ਨਾੜ ਨੂੰ ਅੱਗ ਲਗਾਉਂਦਾ ਪਾਇਆ ਜਾਂਦਾ ਹੈ ਤਾਂ ਉਸਦੇ ਖਿਲਾਫ ਸਰਕਾਰ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਕਾਰਜਕਾਰੀ ਮੈਜਿਸਟਰੇਟ ਘਨੌਰ ਵੱਲੋਂ ਅਪੀਲ ਕੀਤੀ ਜਾਂਦੀ ਹੈ ਕਿ ਪਰਾਲੀ ਦੀ ਨਾੜ ਨੂੰ ਅੱਗ ਨਾ ਲਗਾਈ ਜਾਵੇ ਤਾਂ ਜੋ ਵਾਤਾਵਰਣ ਨੂੰ ਸਾਫ ਸੁਥਰਾ ਰੱਖਿਆ ਜਾ ਸਕੇ ਅਤੇ ਆਪਣਾ ਅਤੇ ਆਪਣੇ ਪਰਿਵਾਰ ਲਈ ਚੰਗਾ ਭਵਿੱਖ ਸਿਰਜਿਆ ਜਾ ਸਕੇ। ਇਸ ਮੌਕੇ ਐਸ.ਐਚ.ਓ. ਘਨੌਰ,ਐਸ.ਐਚ.ਓ ਗੰਡਿਆ ਖੇੜੀ ਅਤੇ ਹਲਕਾ ਪਟਵਾਰੀ ਸਾਹਿਬਾਨ ਹਾਜਰ ਸਨ।

ਜੰਡ ਸਾਹਿਬ ਵਿਖੇ ਸਿਹਤ ਸੰਸਥਾਵਾਂ ਨੂੰ ਕਾਲਾ ਪੀਲੀਆ ਸਬੰਧੀ ਜਾਗਰੂਕਤਾ ਸਮੱਗਰੀ ਜਾਰੀ

ਆਜ਼ਾਦ ਸੋਚ,
ਗੁਲਜ਼ਾਰ ਮਦੀਨਾ,
ਸਾਦਿਕ, 3 ਅਕਤੂਬਰ :

ਸਿਵਲ ਸਰਜਨ ਫ਼ਰੀਦਕੋਟ ਡਾ.ਚੰਦਰ ਸ਼ੇਖਰ ਕੱਕੜ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐੱਸ.ਐੱਮ.ਓ ਡਾ.ਰਾਜੀਵ ਭੰਡਾਰੀ ਦੀ ਯੋਗ ਅਗਵਾਈ ਹੇਠ ਜੰਡ ਸਾਹਿਬ ਦੇ ਮੋਨ ਵੈਕਸੀਨ ਸਟੋਰ ਵਿਖੇ ਮਲਟੀ ਪਰਪਜ਼ ਹੈਲਥ ਸੁਪਰਵਾਈਜ਼ਰਾਂ ਨਾਲ ਮਹੀਨਾਵਾਰ ਮੀਟਿੰਗ ਅਯੋਜਿਤ ਕੀਤੀ ਗਈ। ਇਸ ਮੌਕੇ ਆਈ.ਈ.ਸੀ ਨੋਡਲ ਅਫਸਰ ਬੀ.ਈ.ਈ ਡਾ.ਪ੍ਰਭਦੀਪ ਸਿੰਘ ਚਾਵਲਾ, ਸਟਾਫ਼ ਨਰਸ ਰਾਜਬੀਰ ਕੌਰ ਅਤੇ ਸੀ.ਓ ਵਿਕਾਸ ਗੁਪਤਾ ਨੇ ਬਲਾਕ ਅਧੀਨ ਸਿਹਤ ਸੇਵੇਵਾਂ, ਸਹੂਲਤਾਂ ਅਤੇ ਸਰਗਰਮੀਆਂ ਸਬੰਧੀ ਰਿਪੋਰਟਾਂ ਇਕੱਤਰ ਕੀਤੀਆਂ। ਪਿੰਡਾਂ ਵਿੱਚ ਆਮ ਲੋਕਾਂ ਨੂੰ ਸਿਹਤ ਵਿਭਾਗ ਅਧੀਨ ਕਾਲਾ ਪੀਲੀਆ ਦੇ ਉਪਲੱਬਧ ਮੁਫ਼ਤ ਟੈਸਟ ਅਤੇ ਇਲਾਜ ਬਾਰੇ ਸੁਚੇਤ ਕਰਨ ਦੇ ਮੰਤਵ ਤਹਿਤ ਸਮੂਹ ਸੁਪਰਵਾਈਜ਼ਰਾਂ ਨੂੰ ਜਾਗਰੂਕਤਾ ਸਮੱਗਰੀ ਤਕਸੀਮ ਕੀਤੀ ਗਈ ਤਾਂ ਜੋ ਹਰ ਸਿਹਤ ਸੰਸਥਾ ਰਾਹੀ ਆਮ ਲੋਕਾਂ ਤੱਕ ਸਿਹਤ ਵਿਭਾਗ ਦਾ ਸੁਨੇਹਾ ਪਹੁੰਚਾਇਆ ਜਾ ਸਕੇ। ਇਸ ਮੌਕੇ ਬੀ.ਈ.ਈ ਡਾ.ਪ੍ਰਭਦੀਪ ਨੇ ਜਾਣਕਾਰੀ ਦਿੱਤੀ ਕਿ ਕਾਲਾ ਪੀਲੀਆ ਰੋਗ ਵਿੱਚ ਜਿਗਰ ਦੀ ਸੋਜ਼ ਹੋ ਜਾਂਦੀ ਹੈ ਅਤੇ ਇਸ ਕਾਰਨ ਭੁੱਖ ਦੀ ਕਮੀ, ਬੁਖਾਰ, ਪੇਟ ਦਰਦ ਅਤੇ ਉਲਟੀਆਂ ਆਉਣਾ ਆਦਿ ਲੱਛਣ ਪ੍ਰਗਟ ਹੋ ਸਕਦੇ ਹਨ। ਦੂਸ਼ਿਤ ਖਾਣ ਪੀਣ ਵਾਲੀਆਂ ਚੀਜ਼ਾ ਅਤੇ ਸੰਕਰਮਿਤ ਖੂਨ ਦੇ ਸੰਪਰਕ ਵਿੱਚ ਆਉਣ ਨਾਲ, ਮਾਂ ਦੁਆਰਾ ਬੱਚੇ ਨੂੰ ਜਨਮ ਦੇਣ ਸਮੇਂ ਦੂਸ਼ਿਤ ਸੂਈਆਂ ਸਰਿੰਜ਼ਾਂ ਦੀ ਵਰਤੋਂ ਨਾਲ, ਟੈਟੂ ਬਨਾਉਣ ਕਾਰਨ ਅਤੇ ਅਸੁਰੱਖਿਅਤ ਜਿਨਸੀ ਸਬੰਧਾ ਕਾਰਨ ਫੈਲ ਸਕਦਾ ਹੈ। ਉਨ੍ਹਾਂ ਪੀਲੀਆ ਰੋਗ ਦੀਆਂ ਵੱਖ-ਵੱਖ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਟੀਕਾਕਰਨ ਪ੍ਰੋਗਰਾਮ ਤਹਿਤ ਹੈਪੇਟਾਈਟਸ ਬੀ ਤੋਂ ਬਚਾਅ ਲਈ ਸਾਰੇ ਲਾਭਪਾਤਰੀ ਬੱਚਿਆਂ ਦਾ ਮੁਫ਼ਤ ਟੀਕਾਕਰਨ ਕੀਤਾ ਜਾਂਦਾ ਹੈ। ਪੰਜਾਬ ਸਰਕਾਰ ਵੱਲੋਂ ਨੈਸ਼ਨਲ ਵਾਇਰਲ ਕੰਟਰੋਲ ਪ੍ਰੋਗਰਾਮ ਤਹਿਤ ਹੈਪੇਟਾਈਟਸ ਬੀ ਅਤੇ ਸੀ ਦੀ ਜਾਂਚ ਅਤੇ ਇਲਾਜ ਦੀਆਂ ਸਹੂਲਤਾਂ 23 ਜ਼ਿਲ੍ਹਾ ਹਸਪਤਾਲਾਂ, 3 ਸਰਕਾਰੀ ਮੈਡੀਕਲ ਕਾਲਜਾਂ, 2 ਸਬ-ਡਿਵੀਜ਼ਨਲ ਹਸਪਤਾਲਾਂ, 13 ਏ.ਆਰ.ਟੀ ਕੇਂਦਰਾਂ ਅਤੇ 11 ਓ.ਐਸ.ਟੀ ਕੇਂਦਰਾਂ ਤੇ ਮੁਫ਼ਤ ਉਪਲੱਬਧ ਹਨ। ਮੀਟਿੰਗ ਵਿੱਚ ਹੈਲਥ ਸੁਪਰਵਾਈਜ਼ਰ ਮਨਜੀਤ ਕੌਰ, ਮੰਜੂਬਾਲਾ, ਜਸਵੀਰ ਕੌਰ, ਜਗਪਾਲ ਕੌਰ, ਚਰਨਜੀਤ ਕੌਰ, ਸੁਨੀਤਾ ਰਾਣੀ ਅਤੇ ਕੰਵਲਜੀਤ ਕੌਰ ਵੱਲੋਂ ਆਪਣੇ-ਆਪਣੇ ਸੈਕਟਰ ਅਧੀਨ ਪਿੰਡਾਂ ਦਾ ਦੌਰਾ ਕਰਕੇ ਫੀਲਡ ਸਟਾਫ਼ ਵੱਲੋਂ ਕੀਤੇ ਜਾ ਰਹੇ ਕੰਮਾਂ ਸਬੰਧੀ ਵਿਚਾਰ ਪੇਸ਼ ਕੀਤੇ ਗਏ।

ICICI Home Finance

ਕਾਰਪੋਰੇਟ ਅਫਿਸ : ਆਈਸੀਆਈਸੀਆਈ ਹੋਮ ਫਾਈਨਾਂਸ ਕੰਪਨੀ ਲਿਮ. ਆਈਸੀਆਈਸੀਆਈ ਐਚਐਫਸੀ ਟਾਵਰ, ਅੰਧੇਰੀ-ਕੁਰਲਾ ਰੋਡ, ਅੰਧੇਰੀ (ਪੂਰਬ), ਮੁੰਬਈ-400059, ਇੰਡੀਆ

ਬਰਾਂਚ ਆਫਿਸ: ਪਹਿਲੀ ਮੰਜਿਲ, ਜੇਟੀਐਸ ਅਸਟੇਟ, ਸ਼ੋਅਰੂਮ ਨੰ.3, ਭੁਪਿੰਦਰਾ ਰੋਡ, ਪਟਿਆਲਾ-147001

ਨਿੱਜੀ ਸੰਧੀ ਰਾਹੀਂ ਅਚੱਲ ਜਾਇਦਾਦ ਦੀ ਵਿਕਰੀ ਲਈ ਨੋਟਿਸ

ਸਕਿਊਰਿਟਾਈਜੇਸਨ ਐਂਡ ਰਿਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰਸਟ ਐਕਟ 2002 ਨਾਲ ਪੜ੍ਹੇ ਜਾਂਦੇ ਰੂਲ 8(8) ਨਾਲ ਪੜ੍ਹੇ ਜਾਂਦੇ ਸਕਿਊਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9(1) ਅਧੀਨ ਨਿੱਜੀ ਸੰਧੀ ਰਾਹੀਂ ਅਚੱਲ ਸੰਪਤੀਆਂ ਦੀ ਵਿਕਰੀ ਦਾ ਸੇਲ ਨੋਟਿਸ।

ਆਈਸੀਆਈਸੀਆਈ ਹੋਮ ਫਾਈਨਾਂਸ ਕੰਪਨੀ ਲਿਮ. (ਆਈਸੀਆਈਸੀਆਈ ਐਚਐਫਸੀ) ਨੇ ਹੇਠਾਂ ਦਿੱਤੀਆਂ ਗਿਰਵੀ ਰੱਖੀ ਜਾਇਦਾਦਾਂ ਦੀ ਕਈਂ ਵਾਰ ਵਿਕਰੀ ਲਈ ਕਈ ਵਾਰੀ ਨਿਲਾਮੀ ਬੋਲੀ ਰੱਖੀ ਸੀ, ਹਾਲਾਂਕਿ, ਇਹ ਸਾਰੀਆਂ ਬੋਲੀਆਂ ਅਸਫਲ ਰਹੀਆਂ ਸਨ। ਹੁਣ, ਇੱਕ ਇਛੁੱਕ ਖਰੀਦਾਰ ਨੇ ਆਈਸੀਆਈਸੀਆਈ ਐਚਐਫਸੀ ਕੋਲ ਉਕਤ ਜਾਇਦਾਦ ਨੂੰ **ਰੁ. 23,50,000/-**ਦੀ ਰਕਮ ਵਿੱਚ ਖਰੀਦਣ ਦੀ ਪੇਸ਼ਕਸ਼ ਦੇ ਨਾ